# ਪ੍ਰੈਸ ਨੋਟ

ਬਾਬਾ ਖੇਤਰਪਾਲ ਦੇ ਮੰਦਰ ਵਿੱਚੋਂ ਚੋਰੀ ਕਰਨ ਵਾਲੇ ਇੱਕ ਦੋਸ਼ੀ ਨੂੰ ਚੋਰੀ ਕੀਤੇ ਪੈਸਿਆ ਸਮੇਤ ਕੀਤਾ ਕਾਬੂ

ਸ੍ਰੀ ਮੁਕਤਸਰ ਸਾਹਿਬ( )ਮਾਨਯੋਗ ਸ੍ਰੀ ਗੋਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ ਪੰਜਾਬ ਅਤੇ ਸ.ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐਸ ਆਈ.ਜੀ.ਫਰੀਦਕੋਟ ਰੇਂਜ ਫਰੀਦਕੋਟ ਦੀਆ ਹਦਾਇਤਾ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐੱਸ. ਐਸ.ਐਸ. ਪੀ ਸ੍ਰੀ ਮੁਕਤਸਰ ਸਾਹਿਬ ਦੇ ਦਿਸ਼ਾਂ ਨਿਰਦੇਸ਼ ਹੇਠ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਕ੍ਰੀਮੀਨਲ ਵਿਅਕਤੀਆਂ/ਗੈਂਗਸਟਰਾਂ ਖਿਲਾਫ ਵਿੱਢੀ ਮੁਹਿੰਮ ਨੂੰ ਉਸ ਵਕਤ ਭਰਵਾਂ ਹੁੰਗਾਰਾਂ ਮਿਲਿਆ ਜਦੋਂ ਸ੍ਰੀ ਮਨਮੀਤ ਸਿੰਘ ਢਿੱਲੋਂ ਐਸ.ਪੀ (ਡੀ) ਅਤੇ ਸ.ਸਤਨਾਮ ਸਿੰਘ ਡੀ.ਐਸ.ਪੀ (ਸ.ਡ) ਸ੍ਰੀ ਮੁਕਤਸਰ ਸਾਹਿਬ ਦੀ ਯੋਗ ਅਗਵਾਈ ਹੇਠ ਇੰਸਪੈਕਟਰ ਗੁਰਵਿੰਦਰ ਸਿੰਘ ਇੰਚਾਰਜ ਸੀ.ਆਈ.ਏ. ਸਟਾਫ ਸ੍ਰੀ ਮੁਕਤਸਰ ਸਾਹਿਬ ਅਤੇ ਸਬ-ਇੰਸਪੈਕਟਰ ਵਰੁਣ ਕੁਮਾਰ ਮੁੱਖ ਅਫਸਰ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਬਾਬਾ ਖੇਤਰਪਾਲ ਦੇ ਮੰਦਰ ਵਿੱਚ ਚੋਰੀ ਕਰਨ ਵਾਲੇ 01 ਵਿਅਕਤੀ ਨੂੰ ਚੋਰੀ ਕੀਤੇ ਪੈਸਿਆ ਸਮੇਤ ਕਾਬੂ ਕਰਨ ਵਿੱਚ ਸਫਲਤਾ ਹਾਸਲਿ ਕੀਤੀ ਗਈ ਹੈ।

ਜਾਣਕਾਰੀ ਮੁਤਾਬਿਕ ਮੁੱਕਦਮਾ ਨੰਬਰ 47 ਮਿਤੀ 21.03.2024 ਅ/ਧ 457/380 ਹਿੰ:ਦੰ: ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਜੋ ਕਿ ਬਰਬਿਆਨ ਚੰਦਰ ਨਾਗਪਾਲ ਪੁੱਤਰ ਕ੍ਰਿਸ਼ਨ ਲਾਲ ਵਾਸੀ ਗਲੀ ਨੰਬਰ 03,ਅਬੋਹਰ ਰੋਡ, ਸ੍ਰੀ ਮੁਕਤਸਰ ਸਾਹਿਬ ਦੇ ਬਾਬਾ ਖੇਤਰਪਾਲ ਦੇ ਮੰਦਰ ਵਿੱਚ ਚੋਰੀ ਹੋਣ ਸਬੰਧੀ ਬਰਖਿਲਾਫ ਰਾਜੂ ਉਰਫ ਰਿੰਕੂ ਪੁੱਤਰ ਨੇਮਪਾਲ ਵਾਸੀ ਨਵੀ ਦਾਣਾ ਮੰਡੀ ਸ੍ਰੀ ਮੁਕਤਸਰ ਸਾਹਿਬ ਤੇ ਦਰਜ ਰਜਿਸਟਰ ਹੋਇਆ ਸੀ ਜਿਸਨੂੰ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਵੱਲੋ ਮੁੱਕਦਮੇ ਦਾ ਦੋਸ਼ੀ ਰਾਜੂ ਨੂੰ ਗ੍ਰਿਫਤਾਰ ਕੀਤਾ ਗਿਆ ਜਿਸ ਪਾਸੋ ਮੰਦਰ ਵਿਚੱੋ ਚੋਰੀ ਕੀਤੇ 1500/- ਰੁਪਏ ਬ੍ਰਾਮਦ ਕਰਵਾਏ ਜਾ ਚੁੱਕੇ ਹਨ ਜਿਸਨੂੰ ਨੂੰ ਅੱਜ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾਵੇਗਾ ਅਤੇ ਡੂੰਘਾਈ ਨਾਲ ਪੁੱਛਗਿੱਛ ਕਰਕੇ ਅਗਲੇਰੀ ਤਫਤੀਸ਼ ਅਮਲ ਵਿੱਚ ਲਿਆਂਦੀ ਜਾਵੇਗੀ।